## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ. ਨਗਰ

(ਅਮਲਾ-4 ਸ਼ਾਖਾ)

ਹੁਕਮ ਨੰ.: 19/10-2020ਅ-4(4)

ਮਿਤੀ : ਐਸ.ਏ.ਐਸ. ਨਗਰ ; 10.12.2020

ਇਸ ਦਫਤਰ ਦੇ ਹੁਕਮ ਨੰ 19/10-2020ਅ4(4) ਮਿਤੀ 13.11.2020 ਦੀ ਲਗਾਤਾਰਤਾ ਵਿੱਚ ਹੇਠ ਲਿਖੇ ਹੋਰ ਕੈਟਾਗਰੀ ਅਧਿਆਪਕ/ਅਧਿਆਪਕਾਂ ਨੂੰ ਬਤੌਰ **ਅੰਗਰੇਜੀ ਮਾਸਟਰ/ਮਿਸਟ੍ਰੈਸ** ਨੋਸ਼ਨਲ ਤੌਰ ਤੇ ਮਿਤੀ 13.11.2020 ਤੋਂ ਪੇ ਬੈਂਡ ਰੁਪਏ 10300-34800 (ਗ੍ਰੇਡ ਪੇ ਰੁਪਏ 5000) ਦੇ ਗ੍ਰੇਡ ਵਿੱਚ ਆਰਜੀ ਤੌਰ ਤੇ ਮਾਸਟਰ/ਮਿਸਟ੍ਰੈਸ ਕਾਡਰ ਵਿੱਚ ਹੇਠ ਲਿਖੀਆਂ ਸ਼ਰਤਾਂ ਤਹਿਤ ਤਰੱਕੀ ਦਿੱਤੀ ਜਾਂਦੀ ਹੈ :

| ਲੜੀ ਨੰ. | ਲੋਗਿਨ ਆਈ ਡੀ | ਕਰਮਚਾਰੀ ਦਾ ਨਾਂ | ਤਰੱਕੀ ਤੋਂ ਪਹਿਲਾਂ | | | ਕੈਟਾਗਰੀ | ਵਿਸ਼ਾ | ਵਿਸ਼ੇਸ਼ ਕਥਨ |
|---|---|---|---|---|---|---|---|---|
| | | | ਅਹੁਦਾ | ਸਕੂਲ (ਸਮਿਸ/ਸਹਸ/ਸਸਸਸ) | ਜਿਲ੍ਹਾ | | | |
| 1 | 882735683 | ਵੈਸ਼ਾਲੀ | ਆਰਟ ਐਂਡ ਕਰਾਫਟ ਟੀਚਰ | ਸ.ਕੰ.ਸ.ਸ. ਘੜੂੰਆ | ਸ.ਅ.ਸ. ਨਗਰ | ਜਨਰਲ | ਅੰਗਰੇਜ਼ੀ | |
| 2 | 168561132 | ਜਸਵੀਰ ਕੌਰ | ਆਰਟ ਐਂਡ ਕਰਾਫਟ ਟੀਚਰ | ਸ.ਹ.ਸ. ਖੇੜੀ | ਸੰਗਰੂਰ | SC | ਅੰਗਰੇਜ਼ੀ | |
| 3 | 583843691 | ਨਵਨੀਤ ਸਿੰਘ | ਆਰਟ ਐਂਡ ਕਰਾਫਟ ਟੀਚਰ | ਸਹਸ ਸਤੌਜ | ਸੰਗਰੂਰ | BC | ਅੰਗਰੇਜ਼ੀ | |
| 4 | 734260262 | ਖੁਸ਼ਬੂ | ਆਰਟ ਐਂਡ ਕਰਾਫਟ ਟੀਚਰ | ਸ.ਸ.ਸ.ਸ ਸਾਹੂਕੇ ਢੱਡਰੀਆਂ ਮੇਨ | ਸੰਗਰੂਰ | ਜਨਰਲ | ਅੰਗਰੇਜ਼ੀ | |
| 5 | 694965705 | ਮਮਤਾ ਨਾਰੰਗ | ਆਰਟ ਐਂਡ ਕਰਾਫਟ ਟੀਚਰ | ਸਸਸਸ ਡੇਰਾਬੱਸੀ | ਸ.ਅ.ਸ. ਨਗਰ | ਜਨਰਲ | ਅੰਗਰੇਜ਼ੀ | |
| 6 | 870385524 | ਬੰਧਨਾ | ਆਰਟ ਐਂਡ ਕਰਾਫਟ ਟੀਚਰ | ਸਕੰਸਸਸ ਭੀਖੀ | ਮਾਨਸਾ | ਜਨਰਲ | ਅੰਗਰੇਜ਼ੀ | |
| 7 | 174641544 | ਰਿਤੂ ਸਲਾਰੀਆ | ਆਰਟ ਐਂਡ ਕਰਾਫਟ ਟੀਚਰ | ਸ.ਸ.ਸ.ਸ. ਕੋਤਰਪੁਰ | ਪਠਾਨਕੋਟ | ਜਨਰਲ | ਅੰਗਰੇਜ਼ੀ | |
| 8 | 382928832 | ਮਮਤਾ ਦੇਵੀ | ਆਰਟ ਐਂਡ ਕਰਾਫਟ ਟੀਚਰ | ਸ. ਹਾਈ ਸਕੂਲ ਘਰਿੰਡਾ | ਅੰਮ੍ਰਿਤਸਰ | SC | ਅੰਗਰੇਜ਼ੀ | |
| 9 | 222802310 | ਹਰਪਿੰਦਰ ਕੌਰ | ਆਰਟ ਐਂਡ ਕਰਾਫਟ ਟੀਚਰ | ਸ: ਕੰ: ਸੀ: ਸ: ਸ ਬੱਧਨੀ ਕਲਾਂ | ਮੋਗਾ | SC | ਅੰਗਰੇਜ਼ੀ | |
| 10 | 729896631 | ਹਰਜਿੰਦਰ ਕੌਰ | ਆਰਟ ਐਂਡ ਕਰਾਫਟ ਟੀਚਰ | ਸਹਸ ਲਾਂਡਰਾਂ | ਸ.ਅ.ਸ. ਨਗਰ | SC | ਅੰਗਰੇਜ਼ੀ | |

ਸ਼ਰਤਾਂ :

1. ਸਬੰਧਿਤ ਕਰਮਚਾਰੀ/ਕਰਮਚਾਰਨ ਯੂ.ਜੀ.ਸੀ. ਦੀਆਂ ਗਾਈਡਲਾਈਨਜ਼ ਅਨੁਸਾਰ ਮਾਨਤਾ ਪ੍ਰਾਪਤ ਯੂਨੀਵਰਸਿਟੀ ਤੋਂ ਨਿਯਮਾਂ ਅਨੁਸਾਰ (ਬੀ.ਏ./ ਬੀ.ਐਸ.ਸੀ./ ਬੀ.ਐਡ. ਆਦਿ) ਪਾਸ ਹੋਵੇ ਅਤੇ ਸਮੇਂ -ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ/ਨਿਯਮਾਂ ਅਨੁਸਾਰ ਵਿਸ਼ਾ ਜੋੜ ਦੀ ਸ਼ਰਤ ਪੂਰੀ ਕਰਦਾ/ਕਰਦੀ ਹੋਵੇ।
2. ਸਬੰਧਤ ਸਕੂਲ ਮੁੱਖੀ ਕਰਮਚਾਰੀ/ਕਰਮਚਾਰਨ ਨੂੰ ਰਲੀਵ/ਹਾਜਰ ਕਰਵਾਉਣ ਤੋ ਪਹਿਲਾਂ ਉਸ ਦੇ ਮੁਕੰਮਲ ਸੇਵਾ ਰਿਕਾਰਡ ਚੈੱਕ ਕਰਨਗੇ।
3. ਤਰੱਕੀ ਉਪਰੰਤ ਪੋਸਟਿੰਗ ਵਾਲੀ ਥਾਂ ਤੇ ਹਾਜ਼ਰ ਕਰਾਉਣ ਤੋਂ ਪਹਿਲਾਂ ਸਬੰਧਿਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਉਸ ਦਾ ਅਪ-ਟੂ-ਡੇਟ ਸੇਵਾ ਰਿਕਾਰਡ ਚੈਕ ਕਰਨਗੇ। ਰਿਕਾਰਡ ਤਸੱਲੀਬਖਸ਼ ਨਾ ਹੋਣ ਦੀ ਸੂਰਤ ਵਿੱਚ ਹਾਜ਼ਰ ਨਾ ਕਰਵਾਇਆ ਜਾਵੇ ਸਗੋਂ ਇਸ ਬਾਰੇ ਸੂਚਨਾ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਨੂੰ ਭੇਜੀ ਜਾਵੇ।
4. ਇਹ ਪਦ-ਉਨਤ ਕਰਮਚਾਰੀ/ਕਰਮਚਾਰਨ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵਿਖੇ ਤਤਕਾਲ ਸਮੇਂ ਤੋਂ ਆਪਣੀ ਹਾਜ਼ਰੀ ਰਿਪੋਰਟ ਪੇਸ਼ ਕਰਨਗੇ ਅਤੇ ਉਸ ਤੋਂ ਬਾਅਦ ਪੋਸਟਿੰਗ ਦੇ ਹੁਕਮ ਜਾਰੀ ਹੋਣ ਤੱਕ ਆਪਣੇ ਪਹਿਲੇ ਨਿਯੁਕਤੀ ਸਥਾਨ ਤੇ ਕੰਮ ਕਰਦੇ ਰਹਿਣਗੇ।
5. ਡਿਪਾਰਮੈਂਟ ਆਫ ਪ੍ਰਸੋਨਲ ਐਂਡ ਐਡਮਨਿਸਟ੍ਰੇਟਿਵ ਰੀਫਾਰਮਸ (ਪਰਸਨਲ ਪਾਲਿਸੀ ਬ੍ਰਾਂਚ-1) ਦੀ ਨੋਟੀਫਿਕੇਸ਼ਨ ਮਿਤੀ 04.05.1994 ਅਨੁਸਾਰ ਪੰਜਾਬ ਸਿਵਲ ਸਰਵਸਿਜ਼ (ਜਨਰਲ ਐਂਡ ਕਾਮਨ ਕੰਡੀਸ਼ਨਜ਼ ਆਫ ਸਰਵਸਿਜ਼) ਰੂਲ 1994 ਤਹਿਤ ਤਰੱਕੀ ਉਪਰੰਤ ਸਮੇਂ-ਸਿਰ ਹਾਜ਼ਰ ਨਾ ਹੋਣ ਵਾਲੇ ਕਰਮਚਾਰੀਆਂ ਨੂੰ ਨਿਯਮਾਂ ਅਨੁਸਾਰ ਡੀਬਾਰ ਕੀਤਾ ਜਾਵੇਗਾ।

6 ਇਹ ਤਰੱਕੀ ਦੇ ਹੁਕਮ ਤੱਥਾਂ ਦੇ ਗਲਤ ਸਾਬਤ ਹੋਣ ਜਾਂ ਸਬੰਧਿਤ ਕਰਮਚਾਰੀ ਵੱਲੋਂ ਗਲਤ ਵੇਰਵੇ ਦੇਣ ਕਾਰਨ ਜਾਂ ਕੰਮ/ਆਚਰਣ ਤਸੱਲੀ ਬਖਸ਼ ਨਾ ਹੋਣ ਕਾਰਨ ਬਿਨਾਂ ਨੋਟਿਸ ਦਿੱਤੇ ਰੱਦ ਕਰ ਦਿੱਤੇ ਜਾਣਗੇ।

7 ਸਬੰਧਿਤ ਕਰਮਚਾਰੀ/ਕਰਮਚਾਰਨ ਦੀ ਮਾਸਟਰ/ਮਿਸਟ੍ਰੈਸ ਕਾਡਰ ਵਿੱਚ ਸੀਨੀਆਰਤਾ ਨਿਯਮਾਂ ਅਨੁਸਾਰ ਫਿਕਸ ਕੀਤੀ ਜਾਵੇਗੀ। ਕਰਮਚਾਰੀ ਦੀ ਤਨਖਾਹ ਨੋਸ਼ਨਲ ਤੌਰ ਤੇ ਮਿਤੀ 13.11.2020 ਤੋਂ ਫਿਕਸ ਕੀਤੀ ਜਾਵੇਗੀ, ਵਿੱਤੀ ਲਾਭ ਉਸ ਦੀ ਹਾਜਰੀ ਦੀ ਮਿਤੀ ਤੋਂ ਮਿਲਣ ਯੋਗ ਹੋਵੇਗਾ ।

8 ਸਬੰਧਿਤ ਕਰਮਚਾਰੀ/ਕਰਮਚਾਰਨ ਵਿਰੁੱਧ ਕੋਈ ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਦੀ ਸੂਰਤ ਵਿੱਚ ਹੀ ਉਸ ਨੂੰ ਤਰੱਕੀ ਉਪਰੰਤ ਪੋਸਟਿੰਗ ਵਾਲੀ ਥਾਂ ਤੇ ਹਾਜ਼ਰ ਕਰਵਾਇਆ ਜਾਵੇ।

9 ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਜਿਨ੍ਹਾਂ ਕਰਮਚਾਰੀਆਂ ਨੇ ਵਿਭਾਗੀ ਸੇਵਾ ਦੌਰਾਨ ਪੱਤਰ-ਵਿਹਾਰ/ਰੈਗੂਲਰ ਮੋਡ ਰਾਹੀਂ ਵਿਦਿਅਕ ਯੋਗਤਾਵਾਂ ਹਾਸਲ ਕੀਤੀਆ ਹਨ, ਉਨ੍ਹਾਂ ਨੇ ਵਿਭਾਗੀ ਮੰਜੂਰੀ ਲਈ ਹੋਵੇ ਅਤੇ ਇਹ ਵੀ ਸੁਨਿਸ਼ਚਿਤ ਕੀਤਾ ਜਾਵੇ ਕਿ ਜੇਕਰ ਅਜਿਹੇ ਕਰਮਚਾਰੀਆਂ ਨੇ ਲੋੜੀਂਦੀਆਂ ਵਿਦਿਅਕ ਯੋਗਤਾਵਾਂ ਰੈਗੂਲਰ ਤੌਰ ਤੇ ਪ੍ਰਾਪਤ ਕੀਤੀਆਂ ਹਨ, ਤਾਂ ਇਸ ਸਬੰਧੀ ਸਮਰੱਥ ਅਧਿਕਾਰੀ ਤੋਂ ਲੋੜੀਂਦੀ ਛੁੱਟੀ ਸਬੰਧੀ ਮੰਜੂਰੀ ਪ੍ਰਾਪਤ ਕੀਤੀ ਹੋਵੇ।

10 ਜੇਕਰ ਕਿਸੇ ਕਾਰਨ ਵੱਖ-ਵੱਖ ਕਾਡਰਾਂ ਵਿੱਚ ਪਦ-ਉਨਤ ਕਰਮਚਾਰੀਆਂ ਤੋਂ ਸੀਨੀਅਰ ਕਰਮਚਾਰੀ ਤਰੱਕੀ ਲੈਣ ਤੋਂ ਵਾਂਝਾ ਰਹਿ ਗਿਆ ਹੋਵੇ ਅਤੇ ਉਸ ਦੀ ਤਰੱਕੀ ਕਾਰਨ ਕਿਸੇ ਕਰਮਚਾਰੀ ਨੂੰ ਰਿਵਰਟ ਕਰਨਾ ਪਿਆ ਤਾਂ ਉਸ ਨੂੰ ਬਿਨਾਂ ਨੋਟਿਸ ਦਿੱਤੇ ਰਿਵਰਟ ਕਰ ਦਿੱਤਾ ਜਾਵੇਗਾ।

11 ਇਹ ਤਰੱਕੀ ਇੱਕ ਸਾਲ ਦੇ ਸਮੇਂ ਲਈ ਪ੍ਰਬੇਸ਼ਨ ਤੇ ਹੋਵੇਗੀ।

12 ਸਿ.ਰਿ.ਪਟੀ. ਨੰ. 13563 ਆਫ 2016 ਬਲਦੇਵ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ, ਸਿ.ਰਿ.ਪਟੀ. ਨੰ. 19836 ਆਫ 2020 ਅਮਨਦੀਪ ਕੋਰ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਸਿ.ਰਿ.ਪਟੀ. ਨੰ. 18094 ਆਫ 2018 ਇੰਦਰਜੀਤ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ/ ਹੋਰ ਕਿਸੇ ਵੀ ਸਬੰਧਤ ਕੋਰਟ ਕੇਸ ਵਿੱਚ ਹੋਣ ਵਾਲਾ ਅੰਤਿਮ ਫੈਸਲਾ ਲਾਗੂ ਹੋਵੇਗਾ। ਪਦ-ਉਨਤੀਆਂ ਬਿਲਕੁੱਲ ਆਰਜੀ ਹਨ ਅਤੇ ਉਕਤ ਰਿੱਟ ਪਟੀਸ਼ਨਾਂ/ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ ਦੇ ਫੈਸਲੇ ਉਪਰ ਨਿਰਭਰ ਕਰਨਗੀਆਂ।

ਸੁਖਜੀਤ ਪਾਲ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ

ਪਿਠ ਅੰਕਣ ਨੰ.: - ਉਕਤ - 2020322826-27 ਮਿਤੀ : 10.12.2020

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਅਗਲੇਰੀਯੋਗਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1 ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ।

2 ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ, ਐਸ.ਏ.ਐਸ. ਨਗਰ।

3 ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵੱਲੋਂ ਸਬੰਧਤ ਕਰਮਚਾਰੀ ਨੂੰ ਤਰੱਕੀ ਉਪਰੰਤ ਹਾਜ਼ਰ ਕਰਾਉਣ ਤੋਂ ਪਹਿਲਾਂ ਉਸ ਦੀਆਂ ਵਿਦਿਅਕ ਯੋਗਤਾਵਾਂ ਸਬੰਧੀ ਅਸਲ ਸਰਟੀਫਿਕੇਟ, ਸੇਵਾ ਰਿਕਾਰਡ, ਸਲਾਨਾ ਗੁਪਤ ਰਿਪੋਰਟਾਂ, ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਸਬੰਧੀ ਰਿਕਾਰਡ ਚੈੱਕ ਕਰਨਗੇ। ਇਹ ਵੀ ਸੁਨਿਸ਼ਚਿਤ ਕੀਤਾ ਜਾਵੇ ਕਿ ਕਰਮਚਾਰੀਆਂ ਦੀਆਂ ਵਿਦਿਅਕ ਯੋਗਤਾਵਾਂ/ਡਿਗਰੀਆਂ ਯੂ.ਜੀ.ਸੀ./ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਹੀ ਹਨ। ਉਸ ਦਾ ਸੇਵਾ ਰਿਕਾਕਡ ਤਸੱਲੀਬਖਸ਼ ਨਾ ਹੋਣ ਦੀ ਸੂਰਤ ਵਿੱਚ ਹਾਜ਼ਰ ਨਾ ਕਰਵਾਇਆ ਜਾਵੇ, ਸਗੋਂ ਇਸ ਸਬੰਧੀ ਰਿਪੋਰਟ ਡਾਇਰੈਕਟੋਰੇਟ ਨੂੰ ਭੇਜੀ ਜਾਵੇ। ਜਿਹੜੇ ਕਰਮਚਾਰੀ ਨਿਸ਼ਚਿਤ ਸਮੇਂ ਅੰਦਰ ਹਾਜ਼ਰ ਨਹੀਂ ਹੁੰਦੇ, ਉਨ੍ਹਾਂ ਦੀ ਸੂਚਨਾ ਤੁਰੰਤ ਡਾਇਰੈਕਟੋਰੇਟ ਨੂੰ ਭੇਜਣਗੇ। ਕਰਮਚਾਰੀਆਂਯੋਗਤਾਵਾਂ ਸਬੰਧੀ ਅਸਲ ਸਰਟੀਫਿਕੇਟ ਸਬੰਧਤ ਯੂਨੀਵਰਸਿਟੀ ਤੋਂ ਵੈਰੀਫਾਈ ਕਰਵਾਏ ਜਾਣ। ਇਹ ਪ੍ਰਕਿਰਿਆ ਤਿੰਨ ਮਹੀਨੇ ਦੇ ਅੰਦਰ-ਅੰਦਰ ਪੂਰੀ ਕਰ ਲਈ ਜਾਵੇ ਅਤੇ ਇਸ ਦੀ ਰਿਪੋਰਟ ਡਾਇਰੈਕਟੋਰੇਟ ਨੂੰ ਭੇਜੀ ਜਾਵੇ। ਜੇਕਰ ਯੂਨੀਵਰਸਿਟੀ ਦੀ ਕੋਈ ਫੀਸ ਅਦਾ ਕਰਨੀ ਪੈਂਦੀ ਹੈ ਤਾਂ ਉਹ ਸਬੰਧਤ ਕਰਮਚਾਰੀ ਵੱਲੋਂ ਕੀਤੀ ਜਾਵੇ।

4 ਸਬੰਧਤ ਕਰਮਚਾਰੀ/ਕਰਮਚਾਰਨ ਇਹਨਾਂ ਹੁਕਮਾਂ ਦੀ ਕਾਪੀ www.ssapunjab.org ਤੋਂ ਪ੍ਰਾਪਤ ਕਰਨਗੇ।

10/12/2020
ਸਹਾਇਕ ਡਾਇਰੈਕਟਰ (ਸ:ਪ੍ਰ:4)